# (TRANSLATE PUNJABI TO ENGLISH)

## OFFICE OF THE DISTRICT EDUCATION OFFICER (ELE.EDU), TARN TARAN

Letter No. S.S.A/2019 R.T.E-1105-06 Date: - 14/04/2020

The affiliation has been given to Amarpuri Sen. Sec. Public School, Goindwal Sahib, Block Khadur Sahib, District Tarn Taran Under Act 2009, Section 18 of law and necessary education for children and rule of 11 of 2011, the free and necessary education to children of Punjab, as per the report provided by the inspected officials and honorable D.G.S.E. the latter No. D.G.S.E./RTE/2016/1276-78 Dated: 25/01/2016 from pre-primary to eighth under conditioner as follows:-

1. School/Institute won't charge any competition fee nor will find any way to eliminate the students, his/her parents or his/her guardian.
2. The School shall follow all the rules & regulations come under article 15 and will not refuse an admission to any child on the basis of his/her religion, caste, birthplace or not having the birth certificate and if the child approach the school during the extended admission period.
3. The school won't expel and rusticate any student until he/she completes the session.
4. The school will not allow any physical or mental harassment.
5. Under the rule 21, the school will issue the certificate to the students upon the completion of the session.
6. The school will renew building safety certificate fire safety certificate and other important documents on time and will send the copy to the Distt. Educational office will be taken against the school to cancel its affiliation under RTE act.
7. The school building or other school structure or the school ground only will be used for study purposes and extra curricular activities. The school will not allow any Un-approved classes inside or outside school building.
8. All teacher educational credential must fulfill the conditions of article 23 (1).
9. The school must follow the instructions given by the educational department from time to time. All the other conditions will be considered will be considered same as the temporary certificate affiliation code for the school will be RTE Tarn Taran-17080 155.
10. The School will comply all the rules and conditions mentioned in R.T.E act 2009. If school disobey any section or rule of article RTE or any instructions given by the educational department, Then the School affiliation will be revoked.

NOTARY ROHIT AGNIHOTRI Amritsar Regn No. 5267 GOVT. OF INDIA

Sd/-
Distt. Education Officer (El.Edu)
Tarn Taran.
Dated: 24/07/2019

Backstage No.

1. Manager/Chairman/President Amarpuri Sen. Sec. Public School, Goindwal Sahib.
2. Block Elementary Education officer, Khadur Sahib.

Attested
Rohit Agnihotary
NOTARY PUBLIC REG NO 5267
AMRITSAR

Sd/-
Distt. Education Officer (El.Edu)
Tarn Taran.

# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਤਰਨ ਤਾਰਨ

ਪੱਤਰ ਨੰ:ਸਸਅ/2019/ਆਰ.ਟੀ.ਈ.-1105-06 ਮਿਤੀ: 24/07/19

ਸੀਨੀ. ਸੈਕ. ਪਬਲਿਕ ਸਕੂਲ ਗੋਇੰਦਵਾਲ ਸਾਹਿਬ, ਬਲਾਕ ਖਡੂਰ ਸਾਹਿਬ, ਜ਼ਿਲ੍ਹਾ ਤਰਨ ਤਾਰਨ ਨੂੰ ਬੱਚਿਆਂ ਦੇ ਮੁਫਤ ਅਤੇ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਅਤੇ ਪੰਜਾਬ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਨਿਯਮਾਂ, 2011 ਦੇ ਨਿਯਮ 11 ਅਧੀਨ, ਨਿਰੀਖਕ ਅਧਿਕਾਰੀਆ ਪਾਸੋ ਪ੍ਰਾਪਤ ਰਿਪੋਰਟ ਦੇ ਆਧਾਰ ਤੇ ਮਾਨਯੋਗ ਡੀ.ਜੀ.ਐਸ.ਈ. ਪੰਜਾਬ ਜੀ ਵਲੋ ਜਾਰੀ ਪੱਤਰ ਨੰ: ਡੀ.ਜੀ.ਐਸ.ਈ/ਆਰ.ਟੀ.ਈ/2016/1276-78 ਮਿਤੀ 25-01-2016 ਦੀਆਂ ਹਦਾਇਤਾਂ ਅਨੁਸਾਰ ਪ੍ਰੀ-ਪ੍ਰਾਇਮਰੀ ਤੋਂ ਅਠਵੀਂ ਤੱਕ ਹੇਠ ਲਿਖੀਆ ਸ਼ਰਤਾਂ ਤਹਿਤ ਮਾਨਤਾ ਦਿੱਤੀ ਜਾਂਦੀ ਹੈ:-

1. ਸੰਸਥਾ/ ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਨਾ ਹੀ ਬੱਚੇ ਜਾਂ ਉਸ ਦੇ ਮਾਤਾ ਪਿਤਾ ਜਾਂ ਸਰਪ੍ਰਸਤ ਦੀ ਛਾਂਟੀ ਦਾ ਕੋਈ ਤਰੀਕਾ ਅਪਣਾਏਗਾ।
2. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਜਾਂ ਜੇਕਰ ਬੱਚੇ ਵਲੋਂ ਦਾਖਲਾ ਲੈਣ ਲਈ ਬਾਅਦ ਵਿੱਚ ਵਧਾਏ ਗਏ ਸਮੇਂ ਦੌਰਾਨ ਪਹੁੰਚ ਕੀਤੀ ਜਾਂਦੀ ਹੈ ਜਾਂ ਧਰਮ/ਜਾਤੀਵਾਦ/ਜਨਮ ਸਥਾਨ ਜਾਂ ਹੋਰ ਕੋਈ ਕਾਰਨ ਕਰਕੇ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3. ਸਕੂਲ ਵਲੋਂ ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।
4. ਸਕੂਲ ਵਲੋਂ ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।
5. ਸਕੂਲ ਵਲੋਂ ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ , ਨੂੰ ਨਿਯਮ 21 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।
6. ਸਕੂਲ ਸਮੇਂ ਸਮੇਂ ਤੇ ਬਿਲਡਿੰਗ ਸੇਫਟੀ ਸਰਟੀਫਿਕੇਟ, ਫਾਇਰ ਸੇਫਟੀ ਸਰਟੀਫਿਕੇਟ ਅਤੇ ਹੋਰ ਲੋੜੀਂਦੇ ਦਸਤਾਵੇਜਾਂ ਦੀ ਮਿਆਦ ਖਤਮ ਹੋਣ ਉਪਰੰਤ ਨਵੀਨੀਕਰਨ ਕਰਵਾਏਗਾ ਅਤੇ ਇਸ ਦੀ ਕਾਪੀ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ), ਤਰਨ ਤਾਰਨ ਵਿਖੇ ਜਮਾਂ ਕਰਵਾਏਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਸਕੂਲ ਵਿਰੁੱਧ ਮਾਨਤਾ ਰੱਦ ਕਰਨ ਸਬੰਧੀ ਆਰ.ਟੀ.ਈ ਐਕਟ ਅਤੇ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।
7. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ ਅਤੇ ਇਮਾਰਤ ਅੰਦਰ ਜਾਂ ਇਸਦੇ ਬਾਹਰ ਕੋਈ ਵੀ ਗੈਰ ਮਾਨਤਾ ਜਮਾਤ ਨਹੀਂ ਚਲਾਈ ਜਾਵੇਗੀ।
8. ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਨੁਸਾਰ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ।
9. ਸਕੂਲ ਸਿੱਖਿਆ ਵਿਭਾਗ ਵਲੋਂ ਸਮੇਂ ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰੇਗਾ। ਬਾਕੀ ਸ਼ਰਤਾਂ ਪਹਿਲਾਂ ਜਾਰੀ ਕੀਤੇ ਗਏ ਆਰਜੀ ਸਰਟੀਫਿਕੇਟ ਅਨੁਸਾਰ ਹੀ ਹੋਣਗੀਆਂ। ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ ਆਰ.ਟੀ.ਈ.ਤਰਨ ਤਾਰਨ-19080155 ਹੋਵੇਗਾ।
10. ਸਕੂਲ/ਸੰਸਥਾ ਆਰ.ਟੀ.ਈ ਐਕਟ 2009 ਦੀਆਂ ਸਾਰੀਆਂ ਸ਼ਰਤਾਂ ਅਤੇ ਨਿਯਮਾਂ ਨੂੰ ਲਾਗੂ ਕਰਨ ਦਾ ਪਾਬੰਧ ਹੋਵੇਗਾ। ਜੇਕਰ ਸਕੂਲ/ਸੰਸਥਾ ਆਰ.ਟੀ.ਈ ਐਕਟ ਦੇ ਕਿਸੇ ਵੀ ਧਾਰਾ/ਨਿਯਮ ਜਾਂ ਵਿਭਾਗ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਰੱਦ ਕਰ ਦਿੱਤੀ ਜਾਵੇਗੀ ।

ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ),
ਤਰਨ ਤਾਰਨ।

ਪੱਤਰ ਨੰ: ... ਮਿਤੀ:- 24/07/19

ਉਤਾਰਾ:-

1. ਮੈਨੇਜਰ / ਚੇਅਰਮੈਨ / ਪ੍ਰਧਾਨ, ਅਮਰਪੁਰੀ ਸੀਨੀ. ਸੈਕੰ. ਪਬਲਿਕ ਸਕੂਲ ਗੋਇੰਦਵਾਲ ਸਾਹਿਬ।
2. ਬਲਾਕ ਐਲੀਮੈਂਟਰੀ ਸਿੱਖਿਆ ਅਫਸਰ, ਖਡੂਰ ਸਾਹਿਬ ।

ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ),
ਤਰਨ ਤਾਰਨ।